Vigilance Bureau Punjab

**Vigilance nabs Head constable taking bribe Rs. 5,000**

Chandigarh, July 4: State Vigilance Bureau, today nabbed head constable Gurpal Singh red handed while accepting bribe of Rs 5,000/-.

Disclosing this here an official spokesperson of the Vigilance Bureau said HC Gurpal Singh posted at Police Station Dyalpura at Bhagta Bhaika in Bathinda district was nabbed red handed on the complaint of Harpreet Singh of village Aaklia Jalal, Bathinda. The complainant has approached the VB and alleged that the accused police official was demanding Rs 10,000 to help in a police case registered against him and the deal was struck at Rs, 5,000/-.

After verifying his information, the Vigilance team laid a trap and the accused head constable was arrested on the spot taking bribe of Rs. 5,000 from the complainant in the presence of two official witnesses. He informed that a case under different sections of prevention of corruption act has been registered against him at VB police station Bathinda and further investigation was under progress.

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ 5,000 ਦੀ ਰਿਸ਼ਵਤ ਲੈਂਦਾ ਹੌਲਦਾਰ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 4 ਜੁਲਾਈ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਦਿਆਲਪੁਰਾ ਐਟ ਭਗਤਾ ਭਾਈਕਾ, ਬਠਿੰਡਾ ਵਿਖੇ ਤਾਇਨਾਤ ਹੌਲਦਾਰ ਗੁਰਪਾਲ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਹੌਲਦਾਰ ਨੂੰ ਸ਼ਿਕਾਇਤਕਰਤਾ ਹਰਪ੍ਰੀਤ ਸਿੰਘ ਵਾਸੀ ਪਿੰਡ ਆਕਲੀਆ ਜਲਾਲ, ਜਿਲਾ ਬਠਿੰਡਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਹੌਲਾਦਰ ਵਲੋਂ ਉਸ ਵਿਰੁੱਧ ਚੱਲ ਰਹੇ ਮੁਕੱਦਮੇ ਵਿਚ ਮਦਦ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 5,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਹੌਲਦਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਬਠਿੰਡਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------